**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**13:10 pm**

**ਮਿਤੀ: 14-05-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਟੀਬੀ ਦੇ ਖਾਤਮੇ ਲਈ ਭਾਰਤ ਦੀ ਵਚਨਬੱਧਤਾ ਨੂੰ ਸਪੱਸ਼ਟ ਕਰਦਿਆਂ ਪ੍ਰਭਾਵਸ਼ਾਲੀ ਰਣਨੀਤੀਆਂ 'ਤੇ ਜ਼ੋਰ ਦਿੱਤਾ ਏ । ਉਨ੍ਹਾਂ ਨੇ ਪਿਛਲੇ ਸਾਲ ਦੌਰਾਨ ਟੀਬੀ ਦੇ ਸ਼ੁਰੂਆਤੀ ਲੱਛਣਾਂ ਦਾ ਪਤਾ ਲਗਾਉਣ ਅਤੇ ਸਫਲ ਇਲਾਜ ਵੱਲ ਹੋਈ ਪ੍ਰਗਤੀ ਦੀ ਸ਼ਲਾਘਾ ਕੀਤੀ। ਪ੍ਰਧਾਨ ਮੰਤਰੀ ਨੇ ਕੱਲ ਨਵੀਂ ਦਿੱਲੀ ਵਿਖੇ ਆਪਣੇ ਨਿਵਾਸ ਸਥਾਨ 'ਤੇ ਟੀ.ਬੀ ਦੇ ਖਾਤਮੇ ਲਈ ਰਾਸ਼ਟਰੀ ਪ੍ਰੋਗਰਾਮ ਬਾਰੇ ਇੱਕ ਉੱਚ ਪੱਧਰੀ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕੀਤੀ। 2024 ਵਿਚ ਟੀਬੀ ਦੇ ਮਰੀਜ਼ਾਂ ਦੀ ਜਲਦੀ ਪਛਾਣ ਅਤੇ ਇਲਾਜ ਵਿੱਚ ਹੋਈ ਪ੍ਰਗਤੀ ਦੀ ਸ਼ਲਾਘਾ ਕਰਦੇ ਹੋਏ, ਪ੍ਰਧਾਨ ਮੰਤਰੀ ਨੇ ਦੇਸ਼ ਵਿੱਚੋਂ ਟੀਬੀ ਦੇ ਖਾਤਮੇ ਦੀ ਵਚਨਬੱਧਤਾ ਨੂੰ ਦੁਹਰਾਇਆ। ਪ੍ਰਧਾਨ ਮੰਤਰੀ ਨੇ ਹਾਲ ਹੀ ਵਿੱਚ ਸਮਾਪਤ ਹੋਈ 100 ਦਿਨਾਂ ਦੀ ਟੀਬੀ ਮੁਕਤ ਭਾਰਤ ਮੁਹਿੰਮ ਦੀ ਸਮੀਖਿਆ ਕੀਤੀ। ਇਸ ਮੁਹਿੰਮ ਵਿੱਚ ਪਛਾਣੇ ਗਏ ਜ਼ਿਲ੍ਹਿਆਂ ਨੂੰ

ਸ਼ਾਮਲ ਕੀਤਾ ਗਿਆ ਸੀ। ਜਿਸ ਵਿੱਚ 12 ਕਰੋੜ 97 ਲੱਖ ਸੰਭਾਵੀ ਮਰੀਜ਼ਾਂ ਦੀ ਜਾਂਚ ਕੀਤੀ ਗਈ ਏ । ਇਨ੍ਹਾਂ ਵਿੱਚੋਂ 7 ਲੱਖ 19 ਹਜ਼ਾਰ ਤਪਦਿਕ ਦੇ ਮਾਮਲੇ ਸਾਹਮਣੇ ਆਏ। ਇਸ ਮੁਹਿੰਮ ਵਿੱਚ ਇੱਕ ਲੱਖ ਤੋਂ ਵੱਧ ਨਵੇਂ ਨਿਸ਼ਚੇ ਮਿੱਤਰ ਸ਼ਾਮਲ ਹੋਏ। ਇਹ ਜਨਤਕ ਭਾਗੀਦਾਰੀ ਦੀ ਇੱਕ ਸ਼ਾਨਦਾਰ ਮਿਸਾਲ ਏ । ਮੀਟਿੰਗ ਦੌਰਾਨ, ਪ੍ਰਧਾਨ ਮੰਤਰੀ ਨੇ ਸ਼ਹਿਰੀ ਜਾਂ ਪੇਂਡੂ ਖੇਤਰਾਂ ਅਤੇ ਉਨ੍ਹਾਂ ਦੇ ਕਿੱਤਿਆਂ ਦੇ ਆਧਾਰ 'ਤੇ ਤਪਦਿਕ ਦੇ ਮਰੀਜ਼ਾਂ ਦੀ ਪਛਾਣ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ।

---------------------------------------------------

ਸੀਮਾ ਸੁਰੱਖਿਆ ਬਲ ਦਾ ਇੱਕ ਜਵਾਨ, ਪੂਰਨਮ ਕੁਮਾਰ ਸ਼ਾਅ, ਅੱਜ ਸਵੇਰੇ ਪੰਜਾਬ ਵਾਪਸ ਆ ਗਿਆ ਏ । 23 ਅਪ੍ਰੈਲ ਨੂੰ ਪੰਜਾਬ ਦੇ ਫਿਰੋਜ਼ਪੁਰ ਸੈਕਟਰ ਵਿੱਚ ਅੰਤਰ-ਰਾਸ਼ਟਰੀ ਸਰਹੱਦ ਪਾਰ ਕਰਨ ਤੋਂ ਬਾਅਦ ਪਾਕਿਸਤਾਨੀ ਰੇਂਜਰਾਂ ਨੇ ਪੂਰਨਮ ਕੁਮਾਰ ਨੂੰ ਗ੍ਰਿਫ਼ਤਾਰ ਕਰ ਲਿਆ ਸੀ । BSF ਸੂਤਰਾਂ ਨੇ ਸਾਡੇ ਜਲੰਧਰ ਵਾਲੇ ਪੱਤਰਕਾਰ ਨੂੰ ਜਵਾਨ ਦੀ ਵਾਪਸੀ ਬਾਰੇ ਪੁਸ਼ਟੀ ਕੀਤੀ ਏ । ਸੂਤਰਾਂ ਨੇ ਦੱਸਿਆ ਕਿ ਉਨ੍ਹਾਂ ਨੂੰ ਅੰਮ੍ਰਿਤਸਰ ਵਿੱਚ ਅਟਾਰੀ ਸਾਂਝੀ ਸਰਹੱਦੀ ਚੈੱਕ ਪੋਸਟ ਰਾਹੀਂ

ਸੌਂਪਿਆ ਗਿਆ। ਇਨ੍ਹਾਂ ਹਥਿਆਰਾਂ ਦੀ ਸਪੁਰਦਗੀ ਸ਼ਾਂਤੀ-ਪੂਰਵਕ ਅਤੇ ਸਥਾਪਿਤ ਪ੍ਰੋਟੋਕੋਲ ਅਨੁਸਾਰ ਕੀਤੀ ਗਈ। ਗ੍ਰਿਫਤਾਰੀ ਕੀਤੇ ਜਾਂ ਸਮੇਂ ਉਹ ਸਰਹੱਦੀ ਵਾੜ ਦੇ ਨੇੜੇ ਕੰਮ ਕਰ ਰਹੇ ਕਿਸਾਨਾਂ ਦੀ ਸੁਰੱਖਿਆ ਕਰਨ ਵਾਲੀ ਟੀਮ ਦਾ ਹਿੱਸਾ ਸਨ।

----------------------------------------------------------

ਪੰਜਾਬ ਵਿੱਚ ਜ਼ਹਿਰੀਲੀ ਸ਼ਰਾਬ ਪੀਣ ਨਾਲ ਹੋਈਆਂ ਮੌਤਾਂ ਦੀ ਗਿਣਤੀ 21 ਤੋਂ ਵੱਧ ਕੇ 23 ਹੋ ਗਈ ਏ। ਹਸਪਤਾਲ ਵਿੱਚ ਦਾਖਲ 13 ਲੋਕਾਂ ਦੀ ਹਾਲਤ ਸਥਿਰ ਦੱਸੀ ਜਾ ਰਹੀ ਏ। ਵੇਰਵਿਆਂ ਦੀ ਪੁਸ਼ਟੀ ਕਰਦਿਆਂ, ਅੰਮ੍ਰਿਤਸਰ ਦੇ ਸਿਵਲ ਸਰਜਨ ਡਾ. ਕਿਰਨਦੀਪ ਨੇ ਕਿਹਾ ਕਿ ਮਜੀਠਾ ਅਤੇ ਥੇਰੇਵਾਲ ਖੇਤਰਾਂ ਦੇ 7 ਪਿੰਡਾਂ ਵਿੱਚ ਘਰ-ਘਰ ਜਾ ਕੇ ਸਰਵੇਖਣ ਕੀਤਾ ਗਿਆ।

**ਪੇਸ਼ ਏ ਇਕ ਰਿਪੋਰਟ :**

----------------------------------------------------------

ਜਸਟਿਸ ਭੂਸ਼ਣ ਰਾਮ-ਕ੍ਰਿਸ਼ਨ ਗਵਈ ਨੇ ਅੱਜ ਭਾਰਤ ਦੇ 52ਵੇਂ ਚੀਫ਼ ਜਸਟਿਸ ਵਜੋਂ ਸਹੁੰ ਚੁੱਕੀ। ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਸਵੇਰੇ

ਰਾਸ਼ਟਰਪਤੀ ਭਵਨ ਵਿਖੇ ਇੱਕ ਵਿਸ਼ੇਸ਼ ਸਮਾਗਮ ਵਿੱਚ ਜਸਟਿਸ ਗਵਈ ਨੂੰ, ਅਹੁਦੇ ਦੀ ਸਹੁੰ ਚੁਕਾਈ। ਜਸਟਿਸ ਬੀ. ਆਰ. ਗਵਈ ਨੇ, ਜਸਟਿਸ ਸੰਜੀਵ ਖੰਨਾ ਦੀ ਥਾਂ ਲਈ ਏ , ਜਿਨ੍ਹਾਂ ਦਾ ਕਾਰਜਕਾਲ ਕੱਲ੍ਹ ਖਤਮ ਹੋ ਗਿਆ। ਇਸ ਸਮਾਗਮ ਵਿੱਚ ਉਪ-ਰਾਸ਼ਟਰਪਤੀ ਜਗਦੀਪ ਧਨਖੜ, ਪ੍ਰਧਾਨ ਮੰਤਰੀ ਨਰੇਂਦਰ ਮੋਦੀ, ਕਈ ਕੇਂਦਰੀ ਮੰਤਰੀ ਅਤੇ ਸਰਵਉੱਚ ਅਦਾਲਤ ਦੇ ਜੱਜਾਂ ਸਮੇਤ ਕਈ ਪਤਵੰਤੇ ਮੌਜੂਦ ਸਨ।

--------------------------------------------------------

ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਅੱਜ ਸੂਬੇ ਭਰ ਵਿੱਚ ਮੁੜ-ਕਾਇਮ ਕੀਤੀਆਂ ਗਈਆਂ ਗ੍ਰਾਮ ਸਿਹਤ ਸੈਨੀਟੇਸ਼ਨ ਅਤੇ ਪੋਸ਼ਣ ਕਮੇਟੀਆਂ ਦਾ ਉਦਘਾਟਨ ਕੀਤਾ। ਮੰਤਰੀ ਨੇ ਪਾਣੀ ਤੋਂ ਹੋਣ ਵਾਲੀਆਂ ਬਿਮਾਰੀਆਂ ਤੋਂ ਲੋਕਾਂ ਨੂੰ ਬਚਾਉਣ ਅਤੇ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਲਈ ਕਮੇਟੀਆਂ ਨੂੰ ਸਰਕਾਰ ਨਾਲ ਮਿਲ ਕੇ ਕੰਮ ਕਰਨ ਦੀ ਅਪੀਲ ਕੀਤੀ । ਵਰਚੁਅਲ ਮਾਧਿਅਮ ਰਾਹੀਂ ਡਾ. ਬਲਬੀਰ ਸਿੰਘ ਨੇ ਮਾਨਸਾ, ਪਟਿਆਲਾ, ਸੰਗਰੂਰ, ਫਤਿਹਗੜ੍ਹ ਸਾਹਿਬ, ਗੁਰਦਾਸਪੁਰ ਅਤੇ ਬਠਿੰਡਾ ਸਮੇਤ 6 ਜ਼ਿਲ੍ਹਿਆਂ ਦੀਆਂ ਕੁਝ ਚੋਣਵੀਆਂ

ਕਮੇਟੀਆਂ ਦੇ 100 ਤੋਂ ਵੱਧ ਮੈਂਬਰਾਂ ਨਾਲ ਸਿੱਧੇ ਤੌਰ ’ਤੇ ਗੱਲਬਾਤ ਕੀਤੀ। ਉਨ੍ਹਾਂ ਇਸ ਗੱਲ ’ਤੇ ਜ਼ੋਰ ਦਿੱਤਾ ਕਿ ਡੇਂਗੂ ਦੀ ਜਾਂਚ ਹੁਣ ਸਾਰੇ ਆਮ ਆਦਮੀ ਕਲੀਨਿਕਾਂ ’ਤੇ ਮੁਫ਼ਤ ਏ  ਅਤੇ ਡੇਂਗੂ ਬਿਮਾਰੀ ਦਾ ਪਤਾ ਲੱਗਣ ’ਤੇ ਲੋਕ ਕਿਸੇ ਵੀ ਸਰਕਾਰੀ ਸਹੂਲਤ ਤੋਂ ਮੁਫ਼ਤ ਇਲਾਜ ਪ੍ਰਾਪਤ ਕਰ ਸਕਦੇ ਨੇ । ਡਾ. ਬਲਬੀਰ ਸਿੰਘ ਨੇ ਕਿਹਾ ਕਿ ਉਹ ਆਉਣ ਵਾਲੇ ਦਿਨਾਂ ਵਿੱਚ ਕਮੇਟੀ ਮੈਂਬਰਾਂ ਨਾਲ ਨਿਯਮਿਤ ਤੌਰ ’ਤੇ ਗੱਲਬਾਤ ਕਰਨਗੇ ਅਤੇ ਅਗਲੀ ਗੱਲਬਾਤ ਮਾਂ ਅਤੇ ਬੱਚੇ ਦੀ ਸਿਹਤ ’ਤੇ ਕੇਂਦਰਿਤ ਹੋਵੇਗੀ।

---------------------------------------------------------------------

ਸਿੱਖ ਕੌਮ ਦੇ ਮਹਾਨ ਜਰਨੈਲ ਬਾਬਾ ਬੰਦਾ ਸਿੰਘ ਬਹਾਦਰ ਵੱਲੋਂ ਕੀਤੀ ਸਰਹਿੰਦ ਫ਼ਤਿਹ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਦੇ ਗੁਰਦੁਆਰਾ ਸ਼ਹੀਦ ਗੰਜ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ । ਤਿੰਨ ਰੋਜਾ ਸਮਾਗਮਾਂ ਦੀ ਕੜੀ ਤਹਿਤ ਅੱਜ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਜਾਨ ਉਪਰੰਤ ਗੁਰਦੁਆਰਾ ਸ਼ਹੀਦ ਗੰਜ ਸਾਹਿਬ ਵਿਖੇ ਢਾਡੀ ਦੌਰਾਨ

ਢਾਡੀ ਜਥਿਆਂ ਵੱਲੋਂ ਸੰਗਤਾਂ ਨੂੰ ਢਾਡੀ ਵਾਰਾ ਨਾਲ ਨਿਹਾਲ ਕੀਤਾ ਗਿਆ। ਹੈਡ ਗ੍ਰੰਥੀ ਭਾਈ ਹਰਪਾਲ ਸਿੰਘ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਹਰ ਸਾਲ ਵੱਡੇ ਪੱਧਰ ਤੇ ਤਿੰਨ ਰੋਜ਼ਾ ਸਰਹੰਦ ਫਤਿਹ ਦਿਵਸ ਨੂੰ ਸਮਰਪਿਤ ਸਮਾਗਮ ਕਰਵਾਏ ਜਾਂਦੇ ਨੇ ਜਿਸ ਵਿੱਚ ਸੰਗਤਾਂ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਕੇ ਇਹਨਾਂ ਮਹਾਨ ਸ਼ਹੀਦਾਂ ਨੂੰ ਜਿੱਥੇ ਯਾਦ ਕਰਕੇ ਸ਼ਰਧਾਂਜਲੀਆਂ ਵੀ ਭੇਂਟ ਕਰਦੀਆਂ ਨੇ ।

---------------------------------------------------------------

ਹੁਸ਼ਿਆਰਪੁਰ ਦੇ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਕਿਹਾ ਕਿ ਜ਼ਿਲ੍ਹੇ ਵਿਚ ਨਾਗਰਿਕ ਸੁਰੱਖਿਆ ਸਬੰਧੀ ਵੱਡੇ ਪੱਧਰ ‘ਤੇ ਜਾਗਰੂਕਤਾ ਮੁਹਿੰਮ ਸ਼ੁਰੂ ਕੀਤੀ ਜਾ ਰਹੀ ਏ । ਇਸ ਤਹਿਤ ਜ਼ਿਲ੍ਹੇ ਦੇ ਹਰੇਕ ਪਿੰਡ ਅਤੇ ਕਸਬੇ ਤੱਕ ਪਹੁੰਚ ਕੀਤੀ ਜਾਵੇਗੀ। ਇਸ ਸਬੰਧੀ ਕੀਤੀ ਮੀਟਿੰਗ ਦੌਰਾਨ ਉਨ੍ਹਾਂ ਹਦਾਇਤ ਕੀਤੀ ਕਿ ਇਸ ਬਾਰੇ ਮਹੀਨਾਵਾਰ ਯੋਜਨਾ ਤਿਆਰ ਕਰਕੇ ਵਲੰਟੀਅਰਸ ਦੀਆਂ ਡਿਊਟੀਆਂ ਲਗਾਈਆਂ ਜਾਣ । ਉਨ੍ਹਾਂ ਕਿਹਾ ਕਿ ਨਸ਼ਾ ਮੁਕਤੀ ਯਾਤਰਾ ਦੌਰਾਨ ਵੀ ਪਿੰਡਾਂ ਅਤੇ ਕਸਬਿਆਂ

ਵਿਚ ਜਨਤਕ ਮੀਟਿੰਗਾਂ ਕਰਕੇ ਵਲੰਟੀਅਰਸ ਰਾਹੀਂ ਲੋਕਾਂ ਨੂੰ ਇਸ ਸਬੰਧੀ ਜਾਗਰੂਕ ਕੀਤਾ ਜਾਵੇ।